**ਗੂਜਰੀ ਮਹਲਾ ੫ ॥ ਕਰਿ ਕਿਰਪਾ ਅਪਨਾ ਦਰਸੁ ਦੀਜੈ ਜਸੁ ਗਾਵਉ ਨਿਸਿ ਅਰੁ ਭੋਰ ॥ ਕੇਸ ਸੰਗਿ ਦਾਸ ਪਗ ਝਾਰਉ ਇਹੈ ਮਨੋਰਥ ਮੋਰ ॥ ੧॥ ਠਾਕੁਰ ਤੁਝ ਬਿਨੁ ਬੀਆ ਨ ਹੋਰ ॥ ਚਿਤਿ ਚਿਤਵਉ ਹਰਿ ਰਸਨ ਅਰਾਧਉ ਨਿਰਖਉ ਤੁਮਰੀ ਓਰ ॥੧॥ ਰਹਾਉ ॥ ਦਇਆਲ ਪੁਰਖ ਸਰਬ ਕੇ ਠਾਕੁਰ ਬਿਨਉ ਕਰਉ ਕਰ ਜੋਰਿ ॥ ਨਾਮੁ ਜਪੈ ਨਾਨਕੁ ਦਾਸੁ ਤੁਮਰੋ ਉਧਰਸਿ ਆਖੀ ਫੋਰ ॥ ੨॥੧੧॥੨੦॥**
{ਪੰਨਾ 500}

ਪਦਅਰਥ:- ਦੀਜੈ—ਦੇਹ। ਜਸੁ—ਸਿਫ਼ਤਿ-ਸਾਲਾਹ ਦਾ ਗੀਤ। ਗਾਵਉ—ਗਾਵਉਂ, ਮੈਂ ਗਾਵਾਂ। ਨਿਸਿ—ਰਾਤ। ਅਰੁ—ਅਤੇ। ਭੋਰ—ਸਵੇਰੇ। ਸੰਗਿ—ਨਾਲ। ਪਗ—ਪੈਰ। ਝਾਰਉ—ਮੈਂ ਝਾੜਾਂ। ਇਹੈ—ਇਹ ਹੀ। ਮੋਰ—ਮੇਰਾ।1।

ਠਾਕੁਰ—ਹੇ ਠਾਕੁਰ! ਬੀਆ—ਦੂਜਾ। ਚਿਤਿ—ਚਿਤ ਵਿਚ। ਚਿਤਵਉ—ਚਿਤਵਉਂ, ਮੈਂ ਯਾਦ ਕਰਦਾ ਹਾਂ। ਰਸਨ—ਜੀਭ (ਨਾਲ)। ਨਿਰਖਉ—ਨਿਰਖਉਂ, ਮੈਂ ਵੇਖਦਾ ਹਾਂ। ਓਰ—ਤਰਫ਼, ਪਾਸਾ।1। ਰਹਾਉ।

ਬਿਨਉ—ਬੇਨਤੀ। ਕਰਉ—ਕਰਉਂ, ਮੈਂ ਕਰਦਾ ਹਾਂ। ਕਰ ਜੋਰਿ—(ਦੋਵੇਂ) ਹੱਥ ਜੋੜ ਕੇ। ਉਧਰਸਿ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਇਗਾ। ਫੋਰ—ਅੱਖ ਝਮਕਣ ਜਿਤਨਾ ਸਮਾ।2।

ਅਰਥ:- ਹੇ ਮੇਰੇ ਮਾਲਕ! ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ ਨਹੀਂ ਹੈ। ਹੇ ਹਰੀ! ਮੈਂ ਆਪਣੇ ਚਿੱਤ ਵਿਚ ਤੈਨੂੰ ਹੀ ਯਾਦ ਕਰਦਾ ਹਾਂ, ਜੀਭ ਨਾਲ ਤੇਰੀ ਹੀ ਆਰਾਧਨਾ ਕਰਦਾ ਹਾਂ, (ਤੇ ਸਦਾ ਸਹਾਇਤਾ ਲਈ) ਤੇਰੇ ਵਲ ਹੀ ਤੱਕਦਾ ਰਹਿੰਦਾ ਹਾਂ।1। ਰਹਾਉ।

ਹੇ ਮੇਰੇ ਮਾਲਕ! ਮੇਹਰ ਕਰ, ਮੈਨੂੰ ਆਪਣਾ ਦਰਸਨ ਦੇਹ, ਮੈਂ ਦਿਨ ਰਾਤ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਾਂ, ਆਪਣੇ ਕੇਸਾਂ ਨਾਲ ਮੈਂ ਤੇਰੇ ਸੇਵਕਾਂ ਦੇ ਪੈਰ ਝਾੜਦਾ ਰਹਾਂ—ਬੱਸ! ਇਹ ਹੀ ਮੇਰੇ ਮਨ ਦੀ ਤਾਂਘ ਹੈ।1।

ਹੇ ਦਇਆ ਦੇ ਘਰ! ਹੇ ਸਰਬ-ਵਿਆਪਕ! ਹੇ ਸਭਨਾਂ ਦੇ ਮਾਲਕ! ਮੈਂ ਦੋਵੇਂ ਹੱਥ ਜੋੜ ਕੇ ਤੇਰੇ ਅੱਗੇ ਬੇਨਤੀ ਕਰਦਾ ਹਾਂ (ਮੇਹਰ ਕਰ) ਤੇਰਾ ਦਾਸ ਨਾਨਕ (ਸਦਾ ਤੇਰਾ) ਨਾਮ ਜਪਦਾ ਰਹੇ। (ਜੇਹੜਾ) ਮਨੁੱਖ ਤੇਰਾ ਨਾਮ ਜਪਦਾ ਰਹੇਗਾ ਉਹ (ਸੰਸਾਰ-ਸਮੁੰਦਰ ਵਿਚੋਂ) ਅੱਖ ਝਮਕਣ ਜਿਤਨੇ ਸਮੇ ਵਿਚ ਬਚ ਨਿਕਲੇਗਾ।2।11। 20।